**ਬਿਲਾਵਲੁ ਮਹਲਾ ੪ ॥ ਸਤਿਗੁਰੁ ਪਰਚੈ ਮਨਿ ਮੁੰਦ੍ਰਾ ਪਾਈ ਗੁਰ ਕਾ ਸਬਦੁ ਤਨਿ ਭਸਮ ਦ੍ਰਿੜਈਆ ॥ ਅਮਰ ਪਿੰਡ ਭਏ ਸਾਧੂ ਸੰਗਿ ਜਨਮ ਮਰਣ ਦੋਊ ਮਿਟਿ ਗਈਆ ॥ ੧॥ ਮੇਰੇ ਮਨ ਸਾਧਸੰਗਤਿ ਮਿਲਿ ਰਹੀਆ ॥ ਕ੍ਰਿਪਾ ਕਰਹੁ ਮਧਸੂਦਨ ਮਾਧਉ ਮੈ ਖਿਨੁ ਖਿਨੁ ਸਾਧੂ ਚਰਣ ਪਖਈਆ ॥ ੧॥ ਰਹਾਉ ॥ ਤਜੈ ਗਿਰਸਤੁ ਭਇਆ ਬਨ ਵਾਸੀ ਇਕੁ ਖਿਨੁ ਮਨੂਆ ਟਿਕੈ ਨ ਟਿਕਈਆ ॥ ਧਾਵਤੁ ਧਾਇ ਤਦੇ ਘਰਿ ਆਵੈ ਹਰਿ ਹਰਿ ਸਾਧੂ ਸਰਣਿ ਪਵਈਆ ॥੨॥** {ਪੰਨਾ 835}

ਪਦਅਰਥ:- ਪਰਚੈ—ਪ੍ਰਸੰਨ ਹੋ ਜਾਂਦਾ ਹੈ (ਜਿਨ੍ਹਾਂ ਮਨੁੱਖਾਂ ਉਤੇ)। ਮਨਿ—ਮਨ ਵਿਚ। ਤਨਿ—ਸਰੀਰ ਉਤੇ। ਭਸਮ—ਸੁਆਹ। ਦ੍ਰਿੜਈਆ—ਹਿਰਦੇ ਵਿਚ ਪੱਕੇ ਤੌਰ ਤੇ ਵਸਾ ਲਿਆ। ਅਮਰ—ਅ-ਮਰ, ਨਾਹ ਮਰਨ ਵਾਲੇ। ਪਿੰਡ—ਸਰੀਰ। ਅਮਰ ਪਿੰਡ—ਮੌਤ-ਰਹਿਤ ਸਰੀਰਾਂ ਵਾਲੇ, ਜਨਮ ਮਰਨ ਦੇ ਗੇੜ ਤੋਂ ਬਚੇ ਹੋਏ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਦੋਊ—ਦੋਵੇਂ ਹੀ।1।

ਮਨ—ਹੇ ਮਨ! ਮਿਲਿ—ਮਿਲ ਕੇ। ਮਧ ਸੂਦਨ—ਹੇ ਮਧ ਸੂਦਨ! ਹੇ ਮਧੂ-ਰਾਖਸ਼ ਨੂੰ ਮਾਰਨ ਵਾਲੇ! ਮਾਧਉ—ਹੇ ਮਾਇਆ ਦੇ ਪਤੀ! (ਧਵ—ਪਤੀ)। ਪਖਈਆ—ਮੈਂ ਧੋਂਦਾ ਰਹਾਂ।1। ਰਹਾਉ।

ਤਜੈ—ਤਿਆਗਦਾ ਹੈ, ਛੱਡ ਜਾਂਦਾ ਹੈ। ਬਨਵਾਸੀ—ਜੰਗਲ ਦਾ ਵਾਸੀ। ਧਾਵਤੁ—ਭਟਕਦਾ ਮਨ। ਧਾਇ—ਭਟਕ ਕੇ, ਦੌੜ ਕੇ। ਤਦੇ—ਤਦੋਂ ਹੀ। ਘਰਿ—ਘਰ ਵਿਚ। ਸਾਧੂ—ਗੁਰੂ।2।

ਅਰਥ:- ਹੇ ਮੇਰੇ ਮਨ! ਗੁਰੂ ਦੀ ਸੰਗਤਿ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ (ਅਤੇ ਅਰਜ਼ੋਈ ਕਰਦੇ ਰਹਿਣਾ ਚਾਹੀਦਾ ਹੈ ਕਿ) ਹੇ ਮਧਸੂਦਨ! ਹੇ ਮਾਧੋ! (ਮੇਰੇ ਉਤੇ) ਮਿਹਰ ਕਰ, ਮੈਂ ਹਰ ਵੇਲੇ ਗੁਰੂ ਦੇ ਚਰਨ ਧੋਂਦਾ ਰਹਾਂ (ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ)।1। ਰਹਾਉ।

ਹੇ ਭਾਈ! (ਜਿਨ੍ਹਾਂ ਮਨੁੱਖਾਂ ਉਤੇ) ਗੁਰੂ ਪ੍ਰਸੰਨ ਹੋ ਜਾਂਦਾ ਹੈ (ਗੁਰੂ ਦੀ ਇਹ ਪ੍ਰਸੰਨਤਾ ਉਹਨਾਂ ਨੇ ਆਪਣੇ) ਮਨ ਵਿਚ (ਜੋਗੀਆਂ ਵਾਲੀ) ਮੁੰਦ੍ਰਾ ਪਾਈ ਹੋਈ ਹੈ, ਗੁਰੂ ਦਾ ਸ਼ਬਦ (ਉਹਨਾਂ ਨੇ ਆਪਣੇ ਹਿਰਦੇ ਵਿਚ) ਪੱਕਾ ਟਿਕਾਇਆ ਹੋਇਆ ਹੈ (ਇਹ ਉਹਨਾਂ ਆਪਣੇ) ਸਰੀਰ ਉੱਤੇ ਸੁਆਹ ਮਲੀ ਹੋਈ ਹੈ। (ਇਸ ਤਰ੍ਹਾਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਜਨਮ ਮਰਨ ਦੇ ਗੇੜ ਤੋਂ ਬਚ ਗਏ ਹਨ, ਉਹਨਾਂ ਦਾ ਜਨਮ ਅਤੇ ਮੌਤ ਦੋਵੇਂ ਹੀ ਮੁੱਕ ਗਏ ਹਨ।1।

ਪਰ, ਹੇ ਭਾਈ! (ਜਿਹੜਾ ਮਨੁੱਖ) ਗ੍ਰਿਹਸਤ ਛੱਡ ਜਾਂਦਾ ਹੈ ਅਤੇ ਜੰਗਲ ਦਾ ਵਾਸੀ ਜਾ ਬਣਦਾ ਹੈ (ਇਸ ਤਰ੍ਹਾਂ ਉਸ ਦਾ) ਮਨ (ਤਾਂ) ਟਿਕਾਇਆਂ ਇਕ ਖਿਨ ਵਾਸਤੇ ਭੀ ਨਹੀਂ ਟਿਕਦਾ। ਹੇ ਭਾਈ! ਇਹ ਭਟਕਦਾ ਮਨ ਭਟਕ ਭਟਕ ਕੇ ਤਦੋਂ ਹੀ ਟਿਕਾਉ ਵਿਚ ਆਉਂਦਾ ਹੈ, ਜਦੋਂ ਮਨੁੱਖ ਪਰਮਾਤਮਾ ਦੀ ਗੁਰੂ ਦੀ ਸਰਨ ਪੈਂਦਾ ਹੈ।2।

**ਧੀਆ ਪੂਤ ਛੋਡਿ ਸੰਨਿਆਸੀ ਆਸਾ ਆਸ ਮਨਿ ਬਹੁਤੁ ਕਰਈਆ ॥ ਆਸਾ ਆਸ ਕਰੈ ਨਹੀ ਬੂਝੈ ਗੁਰ ਕੈ ਸਬਦਿ ਨਿਰਾਸ ਸੁਖੁ ਲਹੀਆ ॥ ੩॥ ਉਪਜੀ ਤਰਕ ਦਿਗੰਬਰੁ ਹੋਆ ਮਨੁ ਦਹ ਦਿਸ ਚਲਿ ਚਲਿ ਗਵਨੁ ਕਰਈਆ ॥ ਪ੍ਰਭਵਨੁ ਕਰੈ ਬੂਝੈ ਨਹੀ ਤ੍ਰਿਸਨਾ ਮਿਲਿ ਸੰਗਿ ਸਾਧ ਦਇਆ ਘਰੁ ਲਹੀਆ ॥੪॥** {ਪੰਨਾ 835}

ਪਦਅਰਥ:- ਛੋਡਿ—ਛੱਡ ਕੇ। ਮਨਿ—ਮਨ ਵਿਚ। ਕਰੈ—ਕਰਦਾ ਹੈ। ਬੂਝੈ—ਸਮਝਦਾ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਨਿਰਾਸ—ਆਸਾ-ਰਹਿਤ ਹੋ ਕੇ।3।

ਤਰਕ—ਨਫ਼ਰਤ। ਦਿਗੰਬਰ—{ਦਿਗ-ਅੰਬਰੁ। ਦਿਗ—ਦਿਸ਼ਾ। ਅੰਬਰੁ—ਕੱਪੜਾ} ਜਿਸ ਨੇ ਚੌਹਾਂ ਤਰਫ਼ਾਂ ਨੂੰ ਹੀ ਕੱਪੜਾ ਬਣਾਇਆ ਹੈ, ਨਾਂਗਾ, ਜੈਨੀ। ਦਹਦਿਸ—ਦਸੀਂ ਪਾਸੀਂ। ਚਲਿ ਚਲਿ—ਜਾ ਜਾ ਕੇ, ਭਟਕ ਭਟਕ ਕੇ। ਗਵਨੁ—ਰਟਨ, ਦੌੜ-ਭੱਜ। ਪ੍ਰਭਵਨੁ—(ਸਾਰੇ ਦੇਸ ਦਾ) ਰਟਨ। ਮਿਲਿ—ਮਿਲ ਕੇ। ਦਇਆ ਘਰੁ—ਦਇਆ

ਦਾ ਘਰ, ਦਇਆ ਦਾ ਸੋਮਾ ਹਰੀ।4।

ਅਰਥ:- ਹੇ ਭਾਈ! (ਜਿਹੜਾ ਮਨੁੱਖ) ਧੀਆਂ ਪੁੱਤਰ (ਪਰਵਾਰ) ਛੱਡ ਕੇ ਸੰਨਿਆਸੀ ਜਾ ਬਣਦਾ ਹੈ (ਉਹ ਤਾਂ ਫਿਰ ਭੀ ਆਪਣੇ) ਮਨ ਵਿਚ ਅਨੇਕਾਂ ਹੀ ਆਸਾਂ ਬਣਾਂਦਾ ਰਹਿੰਦਾ ਹੈ, ਨਿੱਤ ਆਸਾਂ ਬਣਾਂਦਾ ਹੈ (ਇਸ ਤਰ੍ਹਾਂ ਸਹੀ ਆਤਮਕ ਜੀਵਨ ਨੂੰ) ਨਹੀਂ ਸਮਝਦਾ। ਪਰ, ਹਾਂ! ਗੁਰੂ ਦੇ ਸ਼ਬਦ ਦੀ ਰਾਹੀਂ ਦੁਨੀਆ ਦੀਆਂ ਆਸਾਂ ਤੋਂ ਉਤਾਂਹ ਹੋ ਕੇ ਮਨੁੱਖ ਆਤਮਕ ਆਨੰਦ ਮਾਣ ਸਕਦਾ ਹੈ।3।

ਹੇ ਭਾਈ! (ਕੋਈ ਮਨੁੱਖ ਅਜਿਹਾ ਹੈ ਜਿਸ ਦੇ ਮਨ ਵਿਚ ਦੁਨੀਆ ਵਲੋਂ) ਨਫ਼ਰਤ ਪੈਦਾ ਹੁੰਦੀ ਹੈ, ਉਹ ਨਾਂਗਾ ਸਾਧੂ ਬਣ ਜਾਂਦਾ ਹੈ, (ਫਿਰ ਭੀ ਉਸ ਦਾ) ਮਨ ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਫਿਰਦਾ ਹੈ, (ਉਹ ਮਨੁੱਖ ਧਰਤੀ ਉੱਤੇ) ਰਟਨ ਕਰਦਾ ਫਿਰਦਾ ਹੈ, (ਉਸ ਦੀ ਮਾਇਆ ਦੀ) ਤ੍ਰਿਸ਼ਨਾ (ਫਿਰ ਭੀ) ਨਹੀਂ ਮਿਟਦੀ। ਹਾਂ, ਗੁਰੂ ਦੀ ਸੰਗਤਿ ਵਿਚ ਮਿਲ ਕੇ ਮਨੁੱਖ ਦਇਆ ਦੇ ਸੋਮੇ ਪਰਮਾਤਮਾ ਨੂੰ ਲੱਭ ਲੈਂਦਾ ਹੈ।4।

**ਆਸਣ ਸਿਧ ਸਿਖਹਿ ਬਹੁਤੇਰੇ ਮਨਿ ਮਾਗਹਿ ਰਿਧਿ ਸਿਧਿ ਚੇਟਕ ਚੇਟਕਈਆ ॥ ਤ੍ਰਿਪਤਿ ਸੰਤੋਖੁ ਮਨਿ ਸਾਂਤਿ ਨ ਆਵੈ ਮਿਲਿ ਸਾਧੂ ਤ੍ਰਿਪਤਿ ਹਰਿ ਨਾਮਿ ਸਿਧਿ ਪਈਆ ॥੫॥ ਅੰਡਜ ਜੇਰਜ ਸੇਤਜ ਉਤਭੁਜ ਸਭਿ ਵਰਨ ਰੂਪ ਜੀਅ ਜੰਤ ਉਪਈਆ ॥ ਸਾਧੂ ਸਰਣਿ ਪਰੈ ਸੋ ਉਬਰੈ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਚੰਡਾਲੁ ਚੰਡਈਆ ॥੬॥** {ਪੰਨਾ 835}

ਪਦਅਰਥ:- ਸਿਧ—ਸਿੱਧ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ। ਸਿਖਹਿ—ਸਿੱਖਦੇ ਹਨ। ਮਨਿ—ਮਨ ਵਿਚ। ਮਾਗਹਿ—ਮੰਗਦੇ ਹਨ। ਰਿਧਿ ਸਿਧਿ—ਰਿੱਧੀਆਂ ਸਿੱਧੀਆਂ, ਕਰਾਮਾਤੀ ਤਾਕਤਾਂ। ਚੇਟਕ—ਕਰਾਮਾਤੀ ਤਮਾਸ਼ੇ। ਤ੍ਰਿਪਤਿ—(ਮਾਇਆ ਵਲੋਂ) ਰਜੇਵਾਂ। ਮਨਿ—ਮਨ ਵਿਚ। ਮਿਲਿ ਸਾਧੂ—ਗੁਰੂ ਨੂੰ ਮਿਲ ਕੇ। ਸਿਧਿ—ਸਫਲਤਾ।5।

ਅੰਡਜ—ਆਂਡਿਆਂ ਤੋਂ ਪੈਦਾ ਹੋਣ ਵਾਲੇ। ਜੇਰਜ—ਜਿਓਰ ਤੋਂ ਪੈਦਾ ਹੋਣ ਵਾਲੇ। ਸੇਤਜ—ਮੁੜ੍ਹਕੇ ਤੋਂ ਪੈਦਾ ਹੋਣ ਵਾਲੇ। ਉਤਭੁਜ—{fd`iB^j} ਧਰਤੀ ਵਿਚੋਂ ਫੁੱਟਣ ਵਾਲੇ। ਸਭਿ—ਸਾਰੇ। ਵਰਨ—ਰੰਗ। ਪਰੈ—ਪੈਂਦਾ ਹੈ। ਉਬਰੈ—(ਸੰਸਾਰ-ਸਮੁੰਦਰ ਤੋਂ) ਬਚ ਨਿਕਲਦਾ ਹੈ।6।

ਅਰਥ:- ਹੇ ਭਾਈ! (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਅਨੇਕਾਂ ਆਸਣ ਸਿੱਖਦੇ ਹਨ {ਸ਼ੀਰਸ਼-ਆਸਣ, ਪਦਮ-ਆਸਣ ਆਦਿਕ}, ਪਰ ਉਹ ਭੀ ਆਪਣੇ ਮਨ ਵਿਚ ਕਰਾਮਾਤੀ ਤਾਕਤਾਂ ਤੇ ਨਾਟਕ-ਚੇਟਕ ਹੀ ਮੰਗਦੇ ਰਹਿੰਦੇ ਹਨ (ਜਿਨ੍ਹਾਂ ਨਾਲ ਉਹ ਆਮ ਜਨਤਾ ਉਤੇ ਆਪਣਾ ਪ੍ਰਭਾਵ ਪਾ ਸਕਣ)। (ਉਹਨਾਂ ਦੇ) ਮਨ ਵਿਚ ਮਾਇਆ ਵਲੋਂ ਤ੍ਰਿਪਤੀ ਨਹੀਂ ਹੁੰਦੀ, ਉਹਨਾਂ ਨੂੰ ਸੰਤੋਖ ਨਹੀਂ ਪ੍ਰਾਪਤ ਹੁੰਦਾ, ਮਨ ਵਿਚ ਸ਼ਾਂਤੀ ਨਹੀਂ ਆਉਂਦੀ। ਹਾਂ, ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਨਾਮ ਦੀ ਰਾਹੀਂ ਮਨੁੱਖ ਤ੍ਰਿਪਤੀ ਹਾਸਲ ਕਰ ਲੈਂਦਾ ਹੈ, ਆਤਮਕ ਜੀਵਨ ਦੀ ਸਫਲਤਾ ਪ੍ਰਾਪਤ ਕਰ ਲੈਂਦਾ ਹੈ।5।

ਹੇ ਭਾਈ! ਆਂਡਿਆਂ ਵਿਚੋਂ ਜੰਮਣ ਵਾਲੇ, ਜਿਓਰ ਵਿਚੋਂ ਪੈਦਾ ਹੋਣ ਵਾਲੇ, ਮੁੜ੍ਹਕੇ ਵਿਚੋਂ ਜੰਮਣ ਵਾਲੇ, ਧਰਤੀ ਵਿਚੋਂ ਫੁੱਟਣ ਵਾਲੇ—ਇਹ ਸਾਰੇ ਅਨੇਕਾਂ ਰੂਪਾਂ ਰੰਗਾਂ ਦੇ ਜੀਅ-ਜੰਤ ਪਰਮਾਤਮਾ ਨੇ ਪੈਦਾ ਕੀਤੇ ਹੋਏ ਹਨ। (ਇਹਨਾਂ ਵਿਚੋਂ ਜਿਹੜਾ ਜੀਵ) ਗੁਰੂ ਦੀ ਸਰਨ ਆ ਪੈਂਦਾ ਹੈ, ਉਹ (ਸੰਸਾਰ-ਸਮੁੰਦਰ ਤੋਂ) ਬਚ ਨਿਕਲਦਾ ਹੈ, ਚਾਹੇ ਉਹ ਖੱਤ੍ਰੀ ਹੈ ਚਾਹੇ ਬ੍ਰਾਹਮਣ ਹੈ, ਚਾਹੇ ਸ਼ੂਦਰ ਹੈ, ਚਾਹੇ ਵੈਸ਼ ਹੈ, ਚਾਹੇ ਮਹਾ ਚੰਡਾਲ ਹੈ।6।

**ਨਾਮਾ ਜੈਦੇਉ ਕੰਬੀਰੁ ਤ੍ਰਿਲੋਚਨੁ ਅਉਜਾਤਿ ਰਵਿਦਾਸੁ ਚਮਿਆਰੁ ਚਮਈਆ ॥ ਜੋ ਜੋ ਮਿਲੈ ਸਾਧੂ ਜਨ ਸੰਗਤਿ ਧਨੁ ਧੰਨਾ ਜਟੁ ਸੈਣੁ ਮਿਲਿਆ ਹਰਿ ਦਈਆ ॥੭॥ ਸੰਤ ਜਨਾ ਕੀ ਹਰਿ ਪੈਜ ਰਖਾਈ ਭਗਤਿ ਵਛਲੁ ਅੰਗੀਕਾਰੁ ਕਰਈਆ ॥ ਨਾਨਕ ਸਰਣਿ ਪਰੇ ਜਗਜੀਵਨ ਹਰਿ ਹਰਿ ਕਿਰਪਾ ਧਾਰਿ ਰਖਈਆ ॥੮॥੪॥੭॥** {ਪੰਨਾ 835}

ਪਦਅਰਥ:- ਅਉਜਾਤਿ—ਨੀਵੀਂ ਜਾਤਿ ਵਾਲਾ। ਸਾਧੂ ਜਨ ਸੰਗਤਿ—ਸੰਤ ਜਨਾਂ ਦੀ ਸੰਗਤਿ ਵਿਚ। ਧਨੁ—ਧੰਨ, ਭਾਗਾਂ ਵਾਲਾ। ਦਈਆ—ਦਇਆ ਦਾ ਘਰ ਪ੍ਰਭੂ।7।

ਪੈਜ—ਇੱਜ਼ਤ, ਲਾਜ। ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ ਹਰੀ। ਅੰਗੀਕਾਰੁ—ਪੱਖ। ਸਰਣਿ ਜਗ ਜੀਵਨ—ਜਗਤ ਦੇ ਜੀਵਨ ਪ੍ਰਭੂ ਦੀ ਸਰਨ। ਰਖਈਆ—ਰੱਖਿਆ ਕਰਦਾ ਹੈ।8।

ਅਰਥ:- ਹੇ ਭਾਈ! ਨਾਮਦੇਵ, ਜੈਦੇਉ, ਕਬੀਰ, ਤ੍ਰਿਲੋਚਨ, ਨੀਵੀਂ ਜਾਤਿ ਵਾਲਾ ਰਵਿਦਾਸ ਚਮਾਰ, ਧੰਨਾ ਜੱਟ, ਸੈਣ (ਨਾਈ)—ਜਿਹੜਾ ਜਿਹੜਾ ਭੀ ਸੰਤ ਜਨਾਂ ਦੀ ਸੰਗਤਿ ਵਿਚ ਮਿਲਦਾ ਆਇਆ ਹੈ, ਉਹ ਭਾਗਾਂ ਵਾਲਾ ਬਣਦਾ ਗਿਆ, ਉਹ ਦਇਆ ਦੇ ਸੋਮੇ ਪਰਮਾਤਮਾ ਨੂੰ ਮਿਲ ਪਿਆ।7।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਆਪਣੇ ਸੰਤ ਜਨਾਂ ਦੀ ਸਦਾ ਲਾਜ ਰੱਖਦਾ ਆਇਆ ਹੈ, ਸੰਤ ਜਨਾਂ ਦਾ ਪੱਖ ਕਰਦਾ ਆਇਆ ਹੈ। ਜਿਹੜੇ ਮਨੁੱਖ ਜਗਤ ਦੇ ਜੀਵਨ ਪ੍ਰਭੂ ਦੀ ਸਰਨ ਪੈਂਦੇ ਹਨ, ਮਿਹਰ ਕਰ ਕੇ ਉਹਨਾਂ ਦੀ ਰੱਖਿਆ ਕਰਦਾ ਹੈ।8।4।